ਨੰ:11/47/2004-2ਸਿ:3/15850

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ:3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਸੁਰੇਸ਼ ਕਾਟਿਕ ਕਾਨਵੈਂਟ ਸਕੂਲ, ਰਾਗੀ ਵਾਦਰ,
ਜ਼ਿਲ੍ਹਾ ਬਠਿੰਡਾ।

ਮਿਤੀ,ਚੰਡੀਗੜ੍ਹ: 30/7/04

ਵਿਸ਼ਾ:- ਸੀ.ਬੀ.ਐਸ.ਈ.ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਬਤ।

ਸ੍ਰੀ ਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ ਨਿਲ ਮਿਤੀ ਨਿਲ ਦੇ ਹਵਾਲੇ ਵਿਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ(ਸ) ਬਠਿੰਡਾ ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ(ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿਤਾ ਜਾਂਦਾ ਹੈ:-

1) ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿਚ ਦਿਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2) ਆਪਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ.ਅਜਿਹੇ ਸਕੂਲਾਂ ਵਿਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲੈ ਲਿਆ ਜਾਵੇਗਾ।

3) ਸੀ.ਬੀ.ਐਸ.ਈ.ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4) ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿਤਾ ਜਾਵੇਗਾ।

ਸੁਪਰਡੰਟ

ਪਿੱ:ਐ:ਨੰ:11/47/2004-2ਸਿ:3/ ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ,ਪ੍ਰਾਈਵੇਟ ਏਡਿਡ(ਸ), ਪੰਜਾਬ, ਚੰਡੀਗੜ੍ਹ ਨੂੰ ਉਹਨਾਂ ਦੇ ਮੀਮੋ ਨੰ 15/35-2004-ਗਰਾਂਟ-1(3) ਮਿਤੀ 14-7-04 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿਚ ਘਟੋ-ਘਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ , ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰ ਰਿਹਾ ਹੈ ਜਾਂ ਨਹੀਂ।

ਸੁਪਰਡੰਟ